# ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਜੀ ਦੀ ਪੰਜਾਬ ਵਿੱਚ ਬਣਾਈ ਜਾਵੇ ਯਾਦਗਾਰ : ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ

**ਆਜ਼ਾਦ ਸੋਚ,**
**ਤੇਜ ਪ੍ਰਕਾਸ਼ ਖਾਸਾ,**
**ਬਲਾਚੌਰ, 29 ਦਸੰਬਰ :**

ਡਾ. ਮਨਮੋਹਨ ਸਿੰਘ ਸਾਬਕਾ ਪ੍ਰਧਾਨ ਮੰਤਰੀ ਜੀ ਦੇ ਅਕਾਲ ਚਲਾਣਾਂ ਕਰਨ ਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਕਾਂਗਰਸੀਆਂ ਵੱਲੋਂ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਡਾ.ਮਨਮੋਹਨ ਸਿੰਘ ਜੀ ਦੇ ਅਕਾਲ ਚਲਾਣੇ ਨਾਲ ਸਾਰੇ ਦੇਸ਼ ਨੂੰ ਬਹੁਤ ਵੱਡਾ ਘਾਟਾ ਪਿਆ ਹੈ, ਉਨ੍ਹਾਂ ਦੀ ਅਗਾਂਹਵਾਧੂ ਸੋਚ ਨਾਲ ਦੇਸ਼ ਦੀ ਤਰੱਕੀ ਨੂੰ ਰਫਤਾਰ ਮਿਲੀ ਸੀ। ਜਿਸ ਸਮੇਂ ਭਾਰਤ ਦੇਸ਼ ਦੀ ਵਾਗਡੋਰ ਉਨ੍ਹਾਂ ਦੇ ਹੱਥ ਵਿੱਚ ਆਈ ਸੀ ਉਸ ਸਮੇਂ ਦੇਸ਼ ਦੀ ਆਰਥਿਕ ਸਥਿਤੀ ਬਹੁਤ ਡਾਂਵਾਡੋਲ ਸੀ ਅਤੇ ਆਪ ਜੀ ਦੀ ਮਿਹਨਤ ਅਤੇ ਨੀਤੀਆਂ ਸਦਕਾ ਦੇਸ਼ ਉਸ ਸਥਿਤੀ ਵਿੱਚੋਂ ਬਾਹਰ ਆ ਸਕਿਆ ਸੀ। ਆਪ ਜੀ ਵੱਲੋਂ ਆਪਣੇ ਪ੍ਰਧਾਨ ਮੰਤਰੀ ਸਮੇਂ ਦੇ ਕਾਰਜਕਾਲ ਦੌਰਾਨ ਬਿਨਾਂ ਕਿਸੇ ਲਾਲਚ,ਨਿਸ਼ਕਾਮ ਸੇਵਾ ਅਤੇ ਦੇਸ਼ ਭਗਤੀ ਦੀ ਭਾਵਨਾ ਨਾਲ ਦੇਸ਼ ਨੂੰ ਅੱਗੇ ਲਿਜਾਣ ਵਿੱਚ ਅਣਥੱਕ ਯਤਨ ਕੀਤੇ ਗਏ। ਜ਼ਿਲ੍ਹਾ ਪ੍ਰਧਾਨ ਅਜੇ ਮੰਗਪੁਰ ਨੇ ਕਿਹਾ ਕਿ ਡਾ. ਮਨਮੋਹਨ ਸਿੰਘ ਜੀ ਨੇ ਕਿਸਾਨਾਂ ਦੇ ਕਰਜ਼ੇ ਮੁਆਫ ਕੀਤੇ ਅਤੇ ਉਨ੍ਹਾਂ ਦੀ ਭਲਾਈ ਲਈ ਆਪਣੀ ਅਟੁੱਟ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ। ਅਜੇ ਮੰਗੂਪੁਰ ਨੇ ਪੰਜਾਬ ਸਰਕਾਰ ਤੋਂ ਡਾ. ਮਨਮੋਹਨ ਸਿੰਘ ਜੀ ਦੀ ਯਾਦ ਵਿੱਚ ਪੰਜਾਬ ਅੰਦਰ ਯਾਦਗਾਰ ਬਣਾਉਣ ਦੀ ਮੰਗ ਰੱਖੀ। ਇਸ ਮੌਕੇ ਅਜੇ ਮੰਗਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਰਾਜਿੰਦਰ ਸਿੰਘ ਸ਼ਿੰਦੀ ਦਫਤਰ ਸੱਕਤਰ ਡੀ.ਸੀ.ਸੀ., ਮਲਕੀਤ ਸਿੰਘ ਧੌਲ ਮੈਂਬਰ ਡੀ.ਸੀ.ਸੀ., ਸੋਮਨਾਥ ਤਕਲਾ ਮੈਂਬਰ ਡੀ.ਸੀ.ਸੀ., ਗਿਆਨ ਸਿੰਘ ਭੰਨੂ ਸੀਨੀਅਰ ਆਗੂ, ਰਾਮ ਨਾਥ ਨਾਥੀ ਸਰਪੰਚ ਨਵਾਂ ਪਿੰਡ ਰੱਤੇਵਾਲ, ਵਿੱਕੀ ਬਾਬੂ ਥੋਪੀਆ, ਕਾਕੂ ਮੰਗੂਪੁਰ, ਪਾਨੀ ਕੁਮਾਰ ਕੌਂਸਲਰ,ਸੁਖਵੰਤ ਰਾਏ ਪੱਪੂ, ਤਰੁਨ ਕੁਮਾਰ, ਬਿੰਦਰ ਕੁਮਾਰ ਪ੍ਰਧਾਨ ਐਸ.ਸੀ. ਸੈੱਲ ਵਿੰਗ, ਗੁਰਮੇਲ ਸਿੰਘ ਮੈਂਬਰ ਬੀ.ਸੀ.ਸੀ., ਬਲਵਿੰਦਰ ਸਿੰਘ ਮੈਂਬਰ ਡੀ.ਸੀ.ਸੀ., ਰੋਹਿਤ ਟਕਾਰਲਾ, ਦੀਪਕ ਬੈਂਸ ਆਦਿ ਹਾਜ਼ਰ ਸਨ।

# ਕਿਸਾਨ ਆਗੂ ਡੱਲੇਵਾਲ ਦੀ ਜਾਨ ਬਚਾਉਣ ਲਈ ਕਿਸਾਨੀ ਮੰਗਾਂ ਦਾ ਜਲਦੀ ਹੋਵੇ ਹੱਲ: ਬਲਬੀਰ ਸਿੱਧੂ

**ਆਜ਼ਾਦ ਸੋਚ,**
**ਅਭਿਸ਼ੇਕ ਸੂਦ,**
**ਭਾਗ ਸਿੰਘ ਅੰਟਾਲ,**
**ਘਨੌਰ, 29 ਦਸੰਬਰ :**

ਭਾਰਤ ਦੇ ਸਮੁੱਚੇ ਕਿਸਾਨਾਂ ਦੀਆਂ ਮੰਗਾਂ ਐੱਮ. ਐੱਸ. ਪੀ. ਕਾਨੂੰਨ ਦੀ ਗਰੰਟੀ ਅਤੇ ਹੋਰ ਮੰਗਾਂ ਲਈ ਖਨੌਰੀ ਪੰਜਾਬ ਹਰਿਆਣਾ ਸਰਹੱਦ 'ਤੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਦਿਨੋ-ਦਿਨ ਨਾਜ਼ੁਕ ਹੋ ਰਹੀ ਹੈ ਜੋ ਕਿ ਬਹੁਤ ਵੱਡੀ ਚਿੰਤਾ ਦਾ ਵਿਸ਼ਾ ਹੈ ਜਿਸ ਬਾਰੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸਮੁੱਚੀ ਕੇਂਦਰ ਸਰਕਾਰ ਦੇ ਨੁਮਾਇੰਦਿਆਂ ਨੂੰ ਗੰਭੀਰਤਾ ਨਾਲ ਲੈ ਕੇ ਕਿਸਾਨੀ ਮੰਗਾਂ ਦਾ ਹੱਲ ਕਰਨਾ ਚਾਹੀਦਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਟਰੱਕ ਯੂਨੀਅਨ ਘਨੌਰ ਪ੍ਰਧਾਨ ਬਲਬੀਰ ਸਿੰਘ ਸਿੱਧੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਹਨਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਜਲਦੀ ਤੋਂ ਜਲਦੀ ਅੰਦੋਲਨ ਕਰ ਰਹੇ ਕਿਸਾਨਾਂ ਨਾਲ ਗੱਲਬਾਤ ਕਰਨੀ ਚਾਹੀਦੀ ਹੈ ਤਾਂ ਜੋ ਕਿਸਾਨ ਆਗੂ ਡੱਲੇਵਾਲ ਦੀ ਜਾਨ ਬਚਾਈ ਜਾ ਸਕੇ। ਉਹਨਾਂ ਕਿਹਾ ਕਿ ਜੇਕਰ ਡੱਲੇਵਾਲ ਦੀ ਸਿਹਤ ਨੂੰ ਕੋਈ ਜਾਨੀ ਨੁਕਸਾਨ ਹੁੰਦਾ ਹੈ ਤਾਂ ਪੰਜਾਬ ਲਈ ਬਹੁਤ ਵੱਡਾ ਘਾਟਾ ਹੋਵੇਗਾ ਜਿਸ ਕਰਕੇ ਉਹਨਾਂ ਨੇ ਖ਼ਾਸ ਤੌਰ 'ਤੇ ਅਪੀਲ ਕੀਤੀ ਕਿ ਕੇਂਦਰ ਸਰਕਾਰ ਜਲਦ ਤੋਂ ਜਲਦ ਮਿਲ ਕੇ ਕਿਸਾਨਾਂ ਦੀਆਂ ਮੰਗਾਂ ਨੂੰ ਹੱਲ ਕਰਨ।

# ਪ੍ਰਥਮ ਟੀਮ ਪਠਾਨਕੋਟ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਝੇਲਾ ਆਮਦਾ ਗੁਰਦਾਸਪੁਰ ਵਿੱਚ ਲਗਾਇਆ ਗਿਆ ਰੈਂਡੀਨਸ ਮੇਲਾ

**ਆਜ਼ਾਦ ਸੋਚ,**
**ਅਸ਼ਵਨੀ ਭਗਤ,**
**ਪਠਾਨਕੋਟ, 29 ਦਸੰਬਰ:**

ਸਰਕਾਰੀ ਪ੍ਰਾਇਮਰੀ ਸਕੂਲ ਝੇਲਾ ਆਮਦਾ ਗੁਰਦਾਸਪੁਰ ਬਲਾਕ ਨਰੋਟ ਜੈਮਲ ਸਿੰਘ ਵਿੱਚ ਪ੍ਰਥਮ ਟੀਮ ਪਠਾਨਕੋਟ ਵੱਲੋਂ ਰੈਂਡੀਨਸ ਮੇਲੇ ਦਾ ਆਯੋਜਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਥਮ ਟੀਮ ਮੈਂਬਰ ਪ੍ਰਿਅੰਕਾ ਰਸੋਤਰਾ, ਕਾਮਨੀ ਅਤੇ ਹਰਪ੍ਰੀਤ ਨੇ ਦੱਸਿਆ ਕਿ ਮੇਲੇ ਵਿੱਚ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀਜੀ ਸਿੰਘ ਵੱਲੋਂ ਮੁੱਖ ਮਹਿਮਾਨ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਨਰੋਟ ਜੈਮਲ ਸਿੰਘ ਸ੍ਰੀ ਪੰਕਜ ਅਰੋੜਾ ਵੱਲੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਇਸ ਤੋਂ ਇਲਾਵਾ ਸੈਂਟਰ ਹੈਡ ਟੀਚਰ ਬਕਨੌਰ ਸ੍ਰੀਮਤੀ ਸ੍ਰਿਸ਼ਟਾ ਦੇਵੀ, ਸੈਂਟਰ ਹੈਡ ਟੀਚਰ ਹੈਬਤ ਪਿੰਡੀ ਸ੍ਰੀ ਪਵਨ ਕੁਮਾਰ, ਸਕੂਲ ਹੈਡ ਟੀਚਰ ਰਾਜੇਸ਼ ਕੁਮਾਰ, ਸਰਪੰਚ ਸ੍ਰੀ ਸਰਵਨ ਸਿੰਘ ਨੇ ਵੀ ਵਿਸ਼ੇਸ਼ ਤੌਰ ਤੇ ਪਹੁੰਚ ਕੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੱਤਾ। ਪ੍ਰਥਮ ਟੀਮ ਮੈਂਬਰ ਪ੍ਰਿਅੰਕਾ ਰਸੋਤਰਾ ਨੇ ਦੱਸਿਆ ਕਿ ਇਸ ਮੇਲੇ ਵਿੱਚ ਪ੍ਰੀ-ਪ੍ਰਾਈਮਰੀ ਤੋਂ ਪਹਿਲੀ ਜਮਾਤ ਦੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਹੈ। ਮਾਪਿਆਂ ਨੂੰ ਸਕੂਲਾਂ ਵਿੱਚ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਪ੍ਰਥਮ ਟੀਮ ਵੱਲੋਂ ਕਰਵਾਈਆਂ ਜਾਂਦੀਆਂ ਗਤੀਵਿਧੀਆਂ ਬਾਰੇ ਸਟਾਲ ਲਗਾ ਕੇ ਜਾਣਕਾਰੀ ਦਿੱਤੀ ਗਈ ਹੈ। ਇਸ ਦੇ ਨਾਲ ਹੀ ਮੌਕੇ ਤੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਦੇ ਮੁਕਾਬਲੇ ਵੀ ਕਰਵਾਏ ਗਏ ਹਨ। ਮੁਕਾਬਲਿਆਂ ਦੇ ਜੇਤੂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਮਹਿਮਾਨਾਂ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਹੈ।

ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀਜੀ ਸਿੰਘ ਅਤੇ ਬੀਪੀਈਓ ਸ੍ਰੀ ਪੰਕਜ ਅਰੋੜਾ ਨੇ ਕਿਹਾ ਕਿ ਪ੍ਰਥਮ ਟੀਮ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਅਧਿਆਪਕਾਂ ਦੇ ਮੌਢੇ ਨਾਲ ਮੌਢਾ ਜੋੜ ਕੇ ਪੂਰੀ ਮਿਹਨਤ ਨਾਲ ਕੰਮ ਕਰ ਰਹੀ ਹੈ।ਇਸ ਮੌਕੇ ਤੇ ਆਂਗਣਵਾੜੀ ਵਰਕਰ ਸ੍ਰੀਮਤੀ ਨਰੇਸ਼ ਕੁਮਾਰੀ, ਸ੍ਰੀਮਤੀ ਅਨੁਰਾਧਾ, ਪਿਆਰੋ ਦੇਵੀ, ਸ੍ਰੀਮਤੀ ਭੋਲੀ, ਰਤਨੀ ਦੇਵੀ, ਬਲਕਾਰ ਅੱਤਰੀ ਆਦਿ ਹਾਜ਼ਰ ਸਨ।

# ਚੋਰਾਂ ਵੱਲੋਂ ਸੰਨ੍ਹ ਲਾਕੇ ਹਾਰਡਵੇਅਰ ਦੀ ਦੁਕਾਨ ਤੋਂ ਲੱਖਾਂ ਰੁਪਏ ਦਾ ਸਮਾਨ ਚੋਰੀ

## ਕਸਬੇ ਵਿਚ ਰਾਤ ਸਮੇਂ ਪੀਸੀਆਰ ਦੀ ਗਸ਼ਤ ਬੰਦ ਹੋਣ ਕਾਰਨ ਚੋਰੀ ਦੀਆਂ ਘਟਨਾਵਾਂ ਚ ਵਾਧਾ

**ਆਜ਼ਾਦ ਸੋਚ,**
**ਸ਼ੇਰੂ ਮਹਾਜਨ,**
**ਸ੍ਰੀ ਗੋਇੰਦਵਾਲ ਸਾਹਿਬ, 29 ਦਸੰਬਰ :**

ਸਥਾਨਕ ਕਸਬੇ ਵਿਚ ਰਾਤ ਸਮੇਂ ਪੀਸੀਆਰ ਗਸ਼ਤ ਬੰਦ ਹੋਣ ਕਾਰਨ ਚੋਰੀ ਦੀਆਂ ਘਟਨਾਵਾਂ ਵਿਚ ਵਾਧਾ ਹੋ ਰਿਹਾ ਹੈ ਜਿਸ ਦੇ ਚੱਲਦਿਆ ਮੇਨ ਬਾਜ਼ਾਰ ਵਿੱਚ ਸਥਿਤ ਹਾਰਡਵੇਅਰ ਦੀ ਦੁਕਾਨ ਤੋਂ ਅਣਪਛਾਤੇ ਚੋਰਾਂ ਵੱਲੋਂ ਦੁਕਾਨ ਨੂੰ ਸੰਨ੍ਹ ਲਾ ਕੇ ਲੱਖਾਂ ਰੁਪਏ ਦਾ ਸਾਮਾਨ ਚੋਰੀ ਕਰ ਲਿਆ ਗਿਆ ਹੈ। ਪੀੜਤ ਦੁਕਾਨਦਾਰ ਪ੍ਰੇਮ ਕੁਮਾਰ ਪੁੱਤਰ ਓਮ ਪ੍ਰਕਾਸ਼ ਨੇ ਦੱਸਿਆ ਕਿ ਬੀਤੇ ਕੱਲ੍ਹ ਉਹ ਰੋਜ ਵਾਂਗ ਦੇਰ ਸ਼ਾਮ ਆਪਣੀ ਦੁਕਾਨ ਬੰਦ ਕਰਕੇ ਘਰ ਗਿਆ ਸੀ। ਜਿਸ ਦੌਰਾਨ ਅਣਪਛਾਤੇ ਚੋਰਾਂ ਵੱਲੋਂ ਰਾਤ ਸਮੇਂ ਦੁਕਾਨ ਦੇ ਪਿਛਲੇ ਪਾਸੇ ਤੋਂ ਸੰਨ੍ਹ ਲਾ ਕੇ ਦੁਕਾਨ ਵਿਚ ਪਿਆ ਲੱਖਾਂ ਰੁਪਏ ਦਾ ਕੀਮਤੀ ਸਾਮਾਨ ਚੋਰੀ ਕਰ ਲਿਆ ਗਿਆ ਹੈ। ਪੀੜਤ ਪ੍ਰੇਮ ਕੁਮਾਰ ਨੇ ਦੱਸਿਆ ਕਿ ਇਸ ਚੋਰੀ ਤੋਂ ਪਹਿਲਾਂ ਵੀ ਚਾਰ-ਪੰਜ ਵਾਰ ਦੁਕਾਨ ਵਿਚ ਚੋਰੀ ਹੋ ਚੁੱਕੀ ਹੈ, ਪਰ ਇਸ ਵਾਰ ਚੋਰਾਂ ਵੱਲੋਂ ਵੱਡਾ ਨੁਕਸਾਨ ਕਰਦੇ ਹੋਏ ਲੱਖਾਂ ਰੁਪਏ ਦਾ ਸਾਮਾਨ ਚੋਰੀ ਕਰਨ ਲਿਆ ਗਿਆ ਹੈ। ਜਿਸ ਬਾਬਤ ਥਾਣਾ ਗੋਇੰਦਵਾਲ ਸਾਹਿਬ ਦੀ ਪੁਲੀਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਮੌਕੇ ਤੇ ਪਹੁੰਚੀ ਪੁਲੀਸ ਪਾਰਟੀ ਵੱਲੋਂ ਚੋਰੀ ਸਬੰਧੀ ਪੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਐਸਐਚਓ ਪ੍ਰਭਜੀਤ ਸਿੰਘ ਗਿੱਲ ਨੇ ਦੱਸਿਆ ਕਿ ਚੋਰੀ ਬਾਬਤ ਮਾਮਲਾ ਦਰਜ ਕਰ ਲਿਆ ਗਿਆ ਹੈ,ਜਲਦ ਹੀ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ। ਉੱਥੇ ਹੀ ਸਥਾਨਕ ਦੁਕਾਨਦਾਰ ਗੁਰਦੀਪ ਸਿੰਘ,ਸੁਤਨਾਮ ਸਿੰਘ,ਨਿਸ਼ਾਨ ਸਿੰਘ,ਲਖਵਿੰਦਰ ਸਿੰਘ ਆਦਿ ਨੇ ਆਖਿਆ ਕਿ ਕੁੱਝ ਦਿਨਾਂ ਤੋਂ ਰਾਤ ਸਮੇਂ ਪੁਲੀਸ ਦੀ ਪੀਸੀਆਰ ਟੀਮ ਦੀ ਗਸ਼ਤ ਬੰਦ ਹੋਣ ਕਾਰਨ ਚੋਰਾਂ ਦੇ ਹੌਸਲੇ ਬੁਲੰਦ ਦਿਖਾਈ ਦੇ ਰਹੇ ਹਨ ਜਿਸ ਕਾਰਨ ਇਲਾਕੇ ਅੰਦਰ ਚੋਰੀ ਦੀਆਂ ਵਾਰਦਾਤਾਂ ਵਿਚ ਵਾਧਾ ਹੋ ਰਿਹਾ ਹੈ। ਦੁਕਾਨਦਾਰਾਂ ਨੇ ਜਿਲ੍ਹਾ ਪੁਲੀਸ ਮੁਖੀ ਤੋਂ ਇਲਾਕੇ ਅੰਦਰ ਰਾਤ ਸਮੇਂ ਪੀਸੀਆਰ ਟੀਮ ਦੀ ਗਸ਼ਤ ਬਹਾਲ ਰੱਖਣ ਦੀ ਮੰਗ ਕੀਤੀ ਹੈ।

# ਸਮਾਜ ਸੇਵੀ ਅਤੇ ਪਿੰਡ ਵਾਸੀਆਂ ਨੇ ਸੜਕ 'ਤੇ ਪਏ ਟੋਇਆਂ ਨੂੰ ਭਰਿਆ

**ਆਜ਼ਾਦ ਸੋਚ,**
**ਵਿਰੇਂਦਰਪਾਲ ਮੰਤਰੋ,**
**ਜੋਗਾ, 29 ਦਸੰਬਰ :**

ਸਥਾਨਕ ਬੱਸ ਸਟੈਂਡ ਤੋਂ ਪਿੰਡ ਵੱਲ ਜਾ ਰਹੀ ਮੇਨ ਸੜਕ ਤੇ ਪਏ ਟੋਇਆ ਨੂੰ ਸਮਾਜ ਸੇਵੀ ਅਤੇ ਪਿੰਡ ਵਾਸੀਆਂ ਨੇ ਭਰਿਆ। ਗੁਰਤੇਜ ਸਿੰਘ ਐਮ.ਸੀ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਠੰਡ ਤੇ ਧੁੰਦ ਦੇ ਮੌਸਮ ਨੂੰ ਵੇਖਦਿਆਂ ਹੋਇਆ ਅੱਜ ਸੜਕ ਤੇ ਟੋਇਆ ਨੂੰ ਭਰਿਆ ਗਿਆ। ਉਹਨਾਂ ਕਿਹਾ ਕਿ ਧੁੰਦ ਅਤੇ ਹਨੇਰੇ ਚ ਟੋਇਆ ਦੇ ਕਾਰਨ ਆਉਂਦੇ ਜਾਂਦੇ ਰਾਹਗੀਰਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਰਾਮ ਸਿੰਘ ਨੇ ਕਿਹਾ ਕਿ ਕਈ ਵਾਰ ਤਾਂ ਇੱਥੇ ਟੋਇਆ ਦੇ ਕਾਰਨ ਰਾਹਗੀਰ ਡਿੱਗ ਗਾਂਦੇ ਹਨ ਅਤੇ ਉਹਨਾਂ ਦੇ ਸੱਟਾ ਵੀ ਵਜ ਜਾਂਦੀਆਂ ਹਨ ।ਉਹਨਾਂ ਕਿਹਾ ਕਿ ਇਹ ਕੰਮ ਭਾਵੇਂ ਸਰਕਾਰ ਜਾ ਨਗਰ ਪੰਚਾਇਤ ਦਾ ਹੈ ਪਰ ਸਾਡਾ ਵੀ ਫਰਜ਼ ਬਣਦਾ ਹੈ ਕਿ ਸਮਾਜ ਵਿੱਚ ਰਹਿੰਦੇ ਹੋਏ ਸਮਾਜ ਭਲਾਈ ਦੇ ਕੰਮ ਕਰ ਸਕੀਏ ਇਸ ਲਈ ਅੱਜ ਰਾਹਗੀਰਾਂ ਦੀ ਮੁਸ਼ਕਲਾਂ ਨੂੰ ਵੇਖਦੇ ਹੋਏ ਸੜਕ ਦੇ ਪਏ ਟੋਇਆ ਨੂੰ ਭਰਿਆ ਗਿਆ ਕਿ ਧੁੰਦ ਦੇ ਮੌਸਮ 'ਚ ਅਤੇ ਰਾਤ ਨੂੰ ਹਨੇਰੇ 'ਚ ਰਾਹਗਿਰਾ ਨੂੰ ਕੋਈ ਮੁਸ਼ਕਿਲ ਨਾ ਆਵੇ । ਇਸ ਮੌਕੇ ਗੁਰਤੇਜ ਸਿੰਘ ਐਮ ਸੀ, ਡਾਕਟਰ ਜੱਸੀ,ਰਾਮ ਸਿੰਘ, ਰਾਜਵੀਰ ਸਿੰਘ (ਬਗਦੂ), ਕਰਮ ਸਿੰਘ, ਰਾਜ ਸਿੰਘ, ਭੋਲਾ ਸਿੰਘ,ਖੁਸ਼ੀ ਅਕਸ਼ ਗੋਇਲ ਆਦਿ ਹਾਜਰ ਸਨ।

# ਠੰਡ ਵਿੱਚ ਬਜ਼ੁਰਗਾਂ ਅਤੇ ਬੱਚਿਆਂ ਦਾ ਰੱਖਿਆ ਜਾਵੇ ਖਾਸ ਧਿਆਨ : ਡਾ. ਕਿਰਪਾਲ ਸਿੰਘ

**ਆਜ਼ਾਦ ਸੋਚ,**
**ਬੂਟਾ ਸਿੰਘ ਭੁਟਾਲ,**
**ਸੰਗਰੂਰ, 29 ਦਸੰਬਰ:**

ਸਰਦੀ ਨੂੰ ਮੁੱਖ ਰੱਖਦੇ ਹੋਏ ਇਸ ਮੌਸਮ ਵਿੱਚ ਬਿਮਾਰੀਆਂ ਤੋਂ ਬਚਾਅ ਲਈ ਖਾਸ ਸਾਵਧਾਨੀਆਂ ਵਰਤੀਆਂ ਜਾਣ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਿਵਲ ਸਰਜਨ ਡਾ. ਕਿਰਪਾਲ ਸਿੰਘ ਨੇ ਕੀਤਾ। ਡਾ. ਕਿਰਪਾਲ ਸਿੰਘ ਨੇ ਕਿਹਾ ਕਿ ਸਰਦੀ ਵਿੱਚ ਬਜੁਰਗ ਅਤੇ ਛੋਟੇ ਬੱਚੇ ਜ਼ਿਆਦਾ ਪ੍ਰਭਾਵਤ ਹੁੰਦੇ ਹਨ। ਉਹਨਾਂ ਨੂੰ ਸਰਦੀ ਲੱਗਣ ਨਾਲ ਕਈ ਤਰਾਂ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਲਈ ਬਜੁਰਗ ਅਤੇ ਦਿੱਲ ਦੇ ਰੋਗਾਂ ਦੇ ਮਰੀਜ ਸਵੇਰ ਅਤੇ ਦੇਰ ਸ਼ਾਮ ਦੇ ਸਮੇਂ ਜ਼ਿਆਦਾ ਠੰਡ ਅਤੇ ਧੁੰਦ ਹੋਣ ਤੋਂ ਸੈਰ ਕਰਨ ਜਾਂ ਘਰੋਂ ਬਾਹਰ ਜਾਣ ਤੋਂ ਗੁਰੇਜ ਕਰਨ। ਛੋਟੇ ਬੱਚਿਆਂ ਨੂੰ ਇਸ ਮੌਸਮ ਵਿੱਚ ਨਿਮੋਨੀਆ ਹੋਣ ਦਾ ਖਤਰਾ ਜ਼ਿਆਦਾ ਰਹਿੰਦਾ ਹੈ ਅਤੇ ਠੰਡ ਲੱਗਣ ਨਾਲ ਛੋਟੇ ਬੱਚਿਆਂ ਨੂੰ ਉਲਟੀਆਂ ਵੀ ਲੱਗ ਸਕਦੀਆਂ ਹਨ। ਇਸ ਲਈ ਬੱਚਿਆਂ ਦੀ ਸੰਭਾਲ ਵੱਲ ਖਾਸ ਧਿਆਨ ਦਿੰਦੇ ਹੋਏ ਸਰਦੀ ਤੋਂ ਬਚਾਅ ਲਈ ਛੋਟੇ ਬੱਚਿਆਂ ਨੂੰ ਪੂਰੀ ਤਰਾਂ ਸਰੀਰ ਢੱਕਣ ਵਾਲੇ ਗਰਮ ਕਪੜੇ ਪਾਉਣ ਦੇ ਨਾਲ ਸਿਰ ਤੇ ਟੋਪੀ ਅਤੇ ਪੈਰਾਂ ਵਿੱਚ ਜੁਰਾਬਾਂ ਜਰੂਰ ਪਾਈਆਂ ਜਾਣ।

ਡਾ. ਕਿਰਪਾਲ ਸਿੰਘ ਨੇ ਕਿਹਾ ਕਿ ਸਰਦੀ ਦੇ ਮੌਸਮ ਵਿੱਚ ਘਰਾਂ ਵਿੱਚ ਬੰਦ ਕਮਰੇ ਵਿੱਚ ਅੰਗੀਠੀ ਬਾਲ ਕੇ ਕਦੇ ਵੀ ਅੱਗ ਨਾ ਸੇਕੀ ਜਾਵੇ ਕਿਉਂਕਿ ਇਸ ਤਰਾਂ ਕਾਰਬਨ ਮੋਨੋਆਕਸਾਈਡ ਗੈਸ ਬਣਦੀ ਹੈ ਅਤੇ ਆਕਸੀਜਨ ਦੀ ਕਮੀ ਹੋ ਜਾਂਦੀ ਹੈ, ਜੋ ਕਿ ਸਾਡੇ ਲਈ ਜਾਨਲੇਵਾ ਵੀ ਸਾਬਤ ਹੋ ਸਕਦੀ ਹੈ। ਉਨ੍ਹਾਂ ਦੱਸਿਆ ਕਿ ਅਸਥਮਾ ਅਤੇ ਸਾਹ ਦੀ ਬਿਮਾਰੀ ਦੇ ਮਰੀਜ ਬਹੁਤੀ ਠੰਡ ਹੋਣ 'ਤੇ ਘਰੋਂ ਬਾਹਰ ਜਾਣ ਤੋਂ ਗੁਰੇਜ ਕਰਨ ਅਤੇ ਖੁਰਾਕ ਵਿੱਚ ਵੀ ਗਰਮ ਚੀਜਾਂ ਜਿਵੇਂ ਸੂਪ, ਚਾਹ, ਕਾਫੀ, ਸੰਤੁਲਿਤ ਖੁਰਾਕ ਦਾ ਸੇਵਨ ਕਰਨ। ਇਸ ਮੌਸਮ ਵਿੱਚ ਗਰਮ ਕਪੜੇ ਦੋ ਜਾ ਤਿੰਨ ਪਰਤਾਂ